# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :03-06-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।**

- ਪੰਜਾਬ ‘ਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ ਤਹਿਤ ਵੋਟਰਾਂ ਦੀ ਪ੍ਰੀ-ਮੈਪਿੰਗ ਲਈ, 7 ਜੂਨ ਨੂੰ ਰਾਜ ਭਰ ਦੇ ਸਾਰੇ ਵੋਟ ਕੇਂਦਰਾਂ 'ਤੇ ਵਿਸ਼ੇਸ਼ ਕੈਂਪ ਲਾਏ ਜਾਣਗੇ।

- ਪੰਜਾਬ ਸਰਕਾਰ ਨੇ ‘ਮੁੱਖ ਮੰਤਰੀ ਸਿਹਤ ਯੋਜਨਾ’ ਤਹਿਤ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ 17 ਹੋਰ ਮੈਡੀਕਲ ਪ੍ਰਕਿਰਿਆਵਾਂ ਨੂੰ ਮਨਜ਼ੂਰੀ ਦੇ ਦਿੱਤੀ ਏ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਤਸਕਰੀ ਕਰਨ ਵਾਲੇ ਨੈੱਟਵਰਕ ਨਾਲ ਜੁੜੇ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਤੇ ਵੱਡੀ ਗਿਣਤੀ ਵਿੱਚ, ਗੋਲੀ ਸਿੱਕਾ ਬਰਾਮਦ ਕੀਤਾ ਏ.

- ਗੁਰਦਾਸਪੁਰ, ਦੀਨਾਨਗਰ ਤੇ ਕਾਦੀਆਂ ਨਗਰ ਕੌਂਸਲ ਦੀਆਂ ਚੋਣਾਂ ਲਈ ਨਾਮਜ਼ਦਗੀਆਂ ਦਾਖਲ ਕਰਨ ਦਾ ਅਮਲ ਅੱਜ ਖਤਮ ਹੋ ਗਿਆ ਏ.

- ਪੰਜਾਬ ਭਾਜਪਾ ਦੇ ਨੇਤਾ ਕੇਵਲ ਸਿੰਘ ਢਿੱਲੋਂ ਨੇ ਅੱਜ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਧਾਨ ਵਜੋਂ ਕਾਰਜਭਾਰ ਸੰਭਾਲ ਲਿਆ ਏ.

- ਅੱਜ ਦੁਨੀਆ ਭਰ 'ਚ ਆਮ ਲੋਕਾਂ ਨੂੰ ਸਾਇਕਲਿੰਗ ਪ੍ਰਤੀ ਜਾਗਰੂਕ ਕਰਨ ਲਈ, ਵਿਸ਼ਵ ਸਾਇਕਲਿੰਗ ਦਿਵਸ ਮਨਾਇਆ ਜਾ ਰਿਹਾ ਏ।

**ਹੁਣ ਖ਼ਬਰਾਂ ਵਿਸਥਾਰ ਨਾਲ।**

ਪੰਜਾਬ ਦੇ ਮੁੱਖ ਚੋਣ ਅਧਿਕਾਰੀ (ਸੀ.ਈ.ਓ.), ਅਨਿੰਦਿਤਾ ਮਿੱਤਰਾ ਨੇ ਜਾਣਕਾਰੀ ਦਿੱਤੀ ਏ ਕਿ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ (ਐਸ.ਆਈ.ਆਰ.) ਅਧੀਨ ਵੋਟਰਾਂ ਦੀ ਪ੍ਰੀ-ਮੈਪਿੰਗ ਜਾਂ ਅਗਾਹੂੰ ਨਿਸ਼ਾਨਦੇਹੀ ਦੀ ਗਤੀ ਨੂੰ ਤੇਜ਼ ਕਰਨ ਲਈ, 7 ਜੂਨ ਨੂੰ ਰਾਜ ਭਰ ਦੇ ਸਾਰੇ ਵੋਟ ਕੇਂਦਰਾਂ 'ਤੇ ਵਿਸ਼ੇਸ਼ ਕੈਂਪ ਲਾਏ ਜਾਣਗੇ। ਹੁਣ ਤੱਕ, 90 ਫੀਸਦੀ ਦੇ ਨਿਰਧਾਰਤ ਟੀਚੇ ਦੇ ਮੁਕਾਬਲੇ ਰਾਜ ਵਿੱਚ ਪ੍ਰੀ-

ਐਸ.ਆਈ.ਆਰ. ਮੈਪਿੰਗ ਦਾ 84.62 ਫੀਸਦੀ ਪੂਰਾ ਹੋ ਚੁੱਕਾ ਏ । ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਪ੍ਰਤੀਨਿਧੀਆਂ ਨਾਲ ਕੱਲ੍ਹ ਇੱਕ ਮੀਟਿੰਗ ਦੌਰਾਨ, ਸੀ.ਈ.ਓ. ਨੇ ਉਨ੍ਹਾਂ ਨਾਲ 27 ਮਈ ਤੱਕ ਮੈਪ ਨਾ ਕੀਤੇ ਵੋਟਰਾਂ ਦੀ ਇੱਕ ਸੂਚੀ ਸਾਂਝੀ ਕੀਤੀ। ਉਨ੍ਹਾਂ ਨੇ ਉਨ੍ਹਾਂ ਨੂੰ 25 ਜੂਨ ਤੋਂ ਘਰ-ਘਰ ਗਣਨਾ ਪੜਾਅ ਸ਼ੁਰੂ ਹੋਣ ਤੋਂ ਪਹਿਲਾਂ ਬਲਾਕ ਪੱਧਰੀ ਅਧਿਕਾਰੀਆਂ (ਬੀ.ਐਲ.ਓ.) ਨਾਲ ਤਾਲਮੇਲ ਕਰਕੇ ਪ੍ਰੀ-ਮੈਪਿੰਗ ਦੇ ਕੰਮ ਨੂੰ ਜਲਦੀ ਪੂਰਾ ਕਰਨ ਲਈ ਬੂਥ ਲੈਵਲ ਏਜੰਟ (ਬੀ.ਐਲ.ਏ.) ਨਿਯੁਕਤ ਕਰਨ ਲਈ ਕਿਹਾ । ਅਮਲ ਸੰਬੰਧੀ ਚਿੰਤਾਵਾਂ ਨੂੰ ਸਪੱਸ਼ਟ ਕਰਦੇ ਹੋਏ, ਮੁਖ ਚੋਣ ਅਧਿਕਾਰੀ ਨੇ ਦੱਸਿਆ ਕਿ ਭਾਵੇਂ ਕੋਈ ਵੋਟਰ ਪ੍ਰੀ-ਐਸ.ਆਈ.ਆਰ. ਦੌਰਾਨ ਮੈਪ ਨਾ ਕੀਤਾ ਗਿਆ ਹੋਵੇ, ਵੋਟਰ ਨੂੰ ਚਿੰਤਾ ਕਰਨ ਦੀ ਕੋਈ ਲੋੜ ਨਹੀਂ ਏ । ਉਸ ਸਥਿਤੀ ਵਿੱਚ, ਚੋਣ ਅਧਿਕਾਰੀ ਵੋਟਰ ਦੇ ਵੇਰਵਿਆਂ ਦੀ ਪੁਸ਼ਟੀ ਕਰਨ ਲਈ ਕੁਝ ਦਸਤਾਵੇਜ਼ਾਂ ਦੀ ਮੰਗ ਕਰਨਗੇ ।

---------------------------------------------------

ਪੰਜਾਬ ਸਰਕਾਰ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ 17 ਹੋਰ ਮੈਡੀਕਲ ਪ੍ਰਕਿਰਿਆਵਾਂ ਨੂੰ ਮਨਜ਼ੂਰੀ ਦੇ ਦਿੱਤੀ ਏ । ਇਸ ਦੇ ਨਾਲ ਹੀ ਯੋਜਨਾ ਦਾ ਦਾਇਰਾ ਵਧਾ ਕੇ ਇਕੱਲੇ ਰਹਿਣ ਵਾਲੇ ਵਿਅਕਤੀਆਂ ਨੂੰ ਵੀ ਇਸ ਵਿੱਚ ਸ਼ਾਮਲ ਕੀਤਾ ਗਿਆ ਏ ।

ਇਹ ਫ਼ੈਸਲਾ ਰਾਜ ਦੀ ਸਿਹਤ ਬੀਮਾ ਯੋਜਨਾ ਦੇ ਪਸਾਰ ਵੱਲ ਇੱਕ ਮਹੱਤਵਪੂਰਨ ਕਦਮ ਮੰਨਿਆ ਜਾ ਰਿਹਾ ਏ। ਇਸ ਫ਼ੈਸਲੇ ਨਾਲ ਸਿਰਫ ਸਰਕਾਰੀ ਹਸਪਤਾਲਾਂ ਲਈ ਰਾਖਵੀਆਂ ਪ੍ਰਕਿਰਿਆਵਾਂ ਦੀ ਸੂਚੀ ਹੋਰ ਛੋਟੀ ਹੋ ਗਈ ਏ ਅਤੇ ਹੁਣ ਲਾਭਪਾਤਰੀਆਂ ਨੂੰ ਕਾਫ਼ੀ ਵੱਡੇ ਸਿਹਤ ਸੇਵਾ ਨੈੱਟਵਰਕ ਤੋਂ ਇਲਾਜ ਕਰਵਾਉਣ ਦਾ ਮੌਕਾ ਮਿਲੇਗਾ। ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਸ ਨਾਲ ਖ਼ਾਸ ਕਰਕੇ ਉਨ੍ਹਾਂ ਜ਼ਿਲ੍ਹਿਆਂ ਵਿੱਚ ਸਿਹਤ ਸੇਵਾਵਾਂ ਦੀ ਉਪਲੱਬਧਤਾ ਵਿੱਚ ਸੁਧਾਰ ਹੋਵੇਗਾ, ਜਿੱਥੇ ਮਾਹਿਰ ਡਾਕਟਰੀ ਸੇਵਾਵਾਂ ਸੀਮਤ ਨੇ ਜਾਂ ਸਰਕਾਰੀ ਹਸਪਤਾਲਾਂ ਉੱਤੇ ਜ਼ਿਆਦਾ ਮਰੀਜਾਂ ਦੀ ਨਿਰਭਰਤਾ ਏ। ਉਨ੍ਹਾਂ ਕਿਹਾ ਕਿ, "ਇਸ ਨਾਲ ਵੱਡੇ ਸਰਕਾਰੀ ਹਸਪਤਾਲਾਂ ਉੱਤੇ ਦਬਾਅ ਘਟੇਗਾ, ਉਡੀਕ ਸਮੇਂ 'ਚ ਕਮੀ ਆਏਗੀ ਅਤੇ ਮਰੀਜ਼ਾਂ ਨੂੰ ਸਮੇਂ ਸਿਰ ਇਲਾਜ ਮਿਲ ਸਕੇਗਾ।" ਨਵੀਆਂ ਮਨਜ਼ੂਰਸ਼ੁਦਾ ਪ੍ਰਕਿਰਿਆਵਾਂ ਵੱਖ-ਵੱਖ ਮੈਡੀਕਲ ਵਿਸ਼ੇਸ਼ਤਾਵਾਂ ਨਾਲ ਸਬੰਧਤ ਨੇ, ਜਿਸ ਨਾਲ ਲੋਕਾਂ ਨੂੰ ਭੀੜ-ਭੜੱਕੇ ਵਾਲੇ ਵੱਡੇ ਹਸਪਤਾਲਾਂ ਵਿੱਚ ਖੱਜਲ -ਖੁਆਰ ਹੋਣ ਦੀ ਬਜਾਏ ਆਪਣੇ ਘਰ ਦੇ ਨੇੜੇ ਹੀ ਇਲਾਜ ਮਿਲ ਸਕੇਗਾ। ਇਸ ਐਲਾਨ ਦੇ ਨਾਲ ਯੋਜਨਾ ਦੇ ਦਾਇਰੇ ਦਾ ਇੱਕ ਹੋਰ ਮਹੱਤਵਪੂਰਨ ਪਸਾਰ ਕੀਤਾ ਗਿਆ ਏ ਤੇ ਹੁਣ ਇਕੱਲੇ ਰਹਿਣ ਵਾਲੇ ਵਿਅਕਤੀ , ਜਿਨ੍ਹਾਂ ਵਿੱਚ ਸੀਨੀਅਰ ਸਿਟੀਜ਼ਨ, ਵਿਧਵਾਵਾਂ ਅਤੇ ਸੁਤੰਤਰ ਤੌਰ 'ਤੇ ਰਹਿਣ ਵਾਲੇ ਹੋਰ ਵਿਅਕਤੀ ਸ਼ਾਮਲ ਨੇ, ਵੀ ਇਸ

ਯੋਜਨਾ ਦਾ ਲਾਭ ਲੈ ਸਕਣਗੇ । ਸਭ ਲਈ ਉਪਲੱਬਧ ਇਹ ਸਿਹਤ ਬੀਮਾ ਪ੍ਰੋਗਰਾਮ ਪਹਿਲਾਂ ਸਿਰਫ ਦੋ ਜਾਂ ਇਸ ਤੋਂ ਵੱਧ ਮੈਂਬਰਾਂ ਵਾਲੇ ਪਰਿਵਾਰਾਂ ਤੱਕ ਸੀਮਤ ਸੀ। ਹੁਣ ਇਸ ਦਾ ਲਾਭ ਉਨ੍ਹਾਂ ਮਾਪਿਆਂ ਨੂੰ ਵੀ ਮਿਲੇਗਾ ਜਿਨ੍ਹਾਂ ਦੇ ਬੱਚੇ ਵਿਦੇਸ਼ਾਂ ਵਿੱਚ ਵੱਸਦੇ ਨੇ.

---------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਇੱਕ ਵੱਡੀ ਸਫਲਤਾ ਹਾਸਲ ਕਰਦਿਆਂ, ਸਰਹੱਦ ਪਾਰੋਂ ਤਸਕਰੀ ਕਰਨ ਵਾਲੇ ਨੈੱਟਵਰਕ ਨਾਲ ਜੁੜੇ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ। ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਪ੍ਰੈੱਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਦੱਸਿਆ ਕਿ, ਇਨ੍ਹਾਂ ਦੇ ਕਬਜ਼ੇ ਵਿੱਚੋਂ, ਦੋ ਕਿਲੋ 225 ਗ੍ਰਾਮ ਹੈਰੋਇਨ ਅਤੇ 6 ਵਿਦੇਸ਼ੀ ਪਿਸਤੌਲ ਸਮੇਤ ਵੱਡੀ ਮਾਤਰਾ ਵਿੱਚ, ਗੋਲਾ-ਬਾਰੂਦ ਬਰਾਮਦ ਕੀਤਾ ਗਿਆ ਏ। ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਇਹ ਕਾਰਵਾਈ "ਯੁੱਧ ਨਸ਼ਿਆਂ ਵਿਰੁੱਧ" ਅਤੇ ਗੈਂਗਸਟਰਾਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਕੀਤੀ ਗਈ ਏ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ, ਸੁਖਦੇਵ ਸਿੰਘ ਅਤੇ ਹਰਜਿੰਦਰ ਸਿੰਘ ਵਜੋਂ ਹੋਈ ਏ। ਉਨ੍ਹਾਂ ਦੱਸਿਆ ਕਿ ਸੁਖਦੇਵ ਸਿੰਘ ਪਹਿਲਾਂ ਵੀ ਇੱਕ ਹਥਿਆਰਾਂ ਦੀ ਤਸਕਰੀ ਦੇ ਮਾਮਲੇ ਵਿੱਚ ਲੋੜੀਂਦਾ ਸੀ। ਪੁਲਿਸ ਨੇ ਪਹਿਲਾਂ ਸੁਖਦੇਵ ਸਿੰਘ ਨੂੰ ਕਾਬੂ ਕੀਤਾ। ਪੁੱਛਗਿੱਛ ਦੌਰਾਨ, ਪਤਾ ਲੱਗਾ ਕਿ ਉਹ 'ਮੌਲਾਨਾ' ਨਾਂ ਦੇ ਇੱਕ ਪਾਕਿਸਤਾਨੀ

ਸਮੱਗਲਰ ਦੇ ਸੰਪਰਕ ਵਿੱਚ ਸੀ ਅਤੇ ਡਰੋਨ ਰਾਹੀਂ, ਭੇਜੀ ਜਾਣ ਵਾਲੀ ਖੇਪ ਨੂੰ ਸਰਹੱਦ ਤੋਂ ਪ੍ਰਾਪਤ ਕਰਦਾ ਸੀ। ਇਸ ਤੋਂ ਬਾਅਦ ਮਿਲੀ ਜਾਣਕਾਰੀ ਦੇ ਆਧਾਰ ’ਤੇ ਹਰਜਿੰਦਰ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਗਿਆ। ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਇਹ ਦੋਵੇਂ ਸਰਹੱਦ ਤੋਂ ਨਸ਼ੇ ਅਤੇ ਹਥਿਆਰਾਂ ਦੀਆਂ ਖੇਪਾਂ, ਅੱਗੇ ਨੈੱਟਵਰਕ ਦੇ ਹੈਂਡਲਰਾਂ ਤੱਕ ਪਹੁੰਚਾਉਂਦੇ ਸਨ। ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ।

---------------------------------------------------

ਸਰੋਤਿਆਂ ਨੂੰ ਸੂਚਿਤ ਕੀਤਾ ਜਾਂਦਾ ਏ ਕਿ, ਆਕਾਸ਼ਵਾਣੀ ਦਾ ਸ਼ਾਮੀਂ ਸਾਢੇ 7 ਵਜੇ ਤੋਂ 7 ਵੱਜ ਕੇ 40 ਮਿੰਟ ਤੱਕ ਪ੍ਰਸਾਰਿਤ ਹੋਣ ਵਾਲਾ ਖਬਰਾਂ ਦਾ ਰਾਸ਼ਟਰੀ ਬੁਲੇਟਿਨ, ਪਹਿਲੀ ਜੂਨ, 2026 ਤੋਂ 21 ਜੂਨ, 2026 ਤੱਕ ਸ਼ਾਮੀਂ 7 ਵਜੇ ਤੋਂ 7 ਵੱਜ ਕੇ 10 ਮਿੰਟ ਤੱਕ ਪ੍ਰਸਾਰਿਤ ਕੀਤਾ ਜਾਵੇਗਾ ।

---------------------------------------------------

ਹੁਸ਼ਿਆਰਪੁਰ ਵਿੱਚ, ਵਿਸ਼ਵ ਚੁਗਿਰਦਾ ਦਿਵਸ ਦੇ ਮੱਦੇਨਜ਼ਰ, ਜ਼ਿਲ੍ਹਾ ਪ੍ਰਸ਼ਾਸਨ, ਰੈੱਡ ਕਰਾਸ ਸੁਸਾਇਟੀ ਅਤੇ ਬਿਯੌਂਡ ਦਾ ‘ਆਈ’ ਟਰੱਸਟ ਫਾਊਂਡੇਸ਼ਨ ਵੱਲੋਂ ਚਲਾਈ ਗਈ e-ਕੂੜਾ ਇਕੱਠਾ ਕਰਨ ਦੀ ਮੁਹਿੰਮ ਨੂੰ ਵੱਡੀ ਸਫਲਤਾ ਮਿਲੀ ਏ। ਸਿਰਫ਼ 15 ਦਿਨਾਂ ਵਿੱਚ, ਜ਼ਿਲ੍ਹੇ ਭਰ ਤੋਂ ਕਰੀਬ 1500 ਕਿਲੋਗ੍ਰਾਮ ਇਲੈਕਟ੍ਰਾਨਿਕ ਕੂੜਾ ਇਕੱਠਾ ਕਰਕੇ, ਵਿਗਿਆਨਕ ਰੀਸਾਈਕਲਿੰਗ ਲਈ, ਅਧਿਕਾਰਤ ਕੇਂਦਰ ਨੂੰ ਭੇਜਿਆ ਗਿਆ ਏ।

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਇਸ ਮੁਹਿੰਮ ਦਾ ਮਕਸਦ, ਵਿਦਿਆਰਥੀਆਂ ਅਤੇ ਆਮ ਲੋਕਾਂ ਵਿੱਚ e-ਕੂੜੇ ਦੇ ਸੁਰੱਖਿਅਤ ਅਤੇ ਵਿਗਿਆਨਕ ਨਿਪਟਾਰੇ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਏ।

BYTE

ਇਸ ਮੁਹਿੰਮ ਵਿੱਚ, 31 ਨਿੱਜੀ ਸਕੂਲਾਂ, ਸਮਾਜਿਕ ਸੰਸਥਾਵਾਂ ਅਤੇ ਨਾਗਰਿਕਾਂ ਨੇ ਸਰਗਰਮੀ ਨਾਲ ਹਿੱਸਾ ਲਿਆ ।

---

ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਐਲਾਣੇ ਗਏ ਚੋਣ ਪ੍ਰੋਗਰਾਮ ਅਨੁਸਾਰ ਗੁਰਦਾਸਪੁਰ, ਦੀਨਾਨਗਰ ਤੇ ਕਾਦੀਆਂ ਨਗਰ ਕੌਂਸਲ ਦੀਆਂ ਚੋਣਾਂ 13 ਜੂਨ ਨੂੰ ਹੋਣਗੀਆਂ। ਅੱਜ ਨਾਮਜ਼ਦਗੀਆਂ  ਦਾਖਲ ਕਰਨ ਦੇ ਆਖਰੀ ਦਿਨ, ਗੁਰਦਾਸਪੁਰ 'ਚ 36 ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ। ਇਸੇ ਤਰਾਂ ਕੁਲ 170 ਨਾਮਜ਼ਦਗੀ ਪੱਤਰ ਦਾਖਲ ਹੋਏ ਨੇ। ਇਸੇ ਤਰ੍ਹਾਂ ਦੀਨਾਨਗਰ ਵਿਖੇ, 49 ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ ਨੇ। ਇਸ ਨਾਲ  ਕੁਲ 95 ਨਾਮਜ਼ਦਗੀ ਪੱਤਰ ਦਾਖਲ ਹੋਏ ਨੇ। ਕਾਦੀਆਂ ਵਿਖੇ 21 ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ। ਇਸ ਨਾਲ  ਕੁਲ 93 ਨਾਮਜ਼ਦਗੀ ਪੱਤਰ ਦਾਖਲ ਹੋਏ ਨੇ। ਇਸ ਦੌਰਾਨ, ਨਾਮਜ਼ਦਗੀ ਕਾਗਜ਼ ਭਰਨ ਵਾਲਿਆਂ ਦੀ ਕੁੱਲ ਗਿਣਤੀ 358 ਹੋ ਗਈ ਏ। ਨਾਮਜ਼ਦਗੀਆਂ ਦੀ

ਪੜਤਾਲ ਭਲਕੇ ਹੋਵੇਗੀ ਅਤੇ ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਤਰੀਕ 5 ਜੂਨ ਏ। ਵੋਟਾਂ ਦੀ ਗਿਣਤੀ, ਵੋਟਾਂ ਪੈਣ ਉਪਰੰਤ ਉਸੇ ਦਿਨ 13 ਜੂਨ ਨੂੰ  ਕੀਤੀ ਜਾਵੇਗੀ।

---------------------------------------------------------

ਪੰਜਾਬ ਭਾਜਪਾ ਦੇ ਨੇਤਾ ਕੇਵਲ ਸਿੰਘ ਢਿੱਲੋਂ ਨੇ ਅੱਜ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਧਾਨ ਵਜੋਂ ਕਾਰਜਭਾਰ ਸੰਭਾਲ ਲਿਆ ਏ. ਇਸ ਮੌਕੇ ਓਹਨਾਂ ਨੇ ਮਹਾਰਾਜਾ ਰਣਜੀਤ ਸਿੰਘ ਦੇ ਸ਼ਾਸਨ ਨੂੰ ਪੰਜਾਬ ਲਈ ਆਦਰਸ਼ ਦੱਸਦਿਆਂ ਸੂਬੇ ਵਿੱਚ ਖੁਸ਼ਹਾਲੀ, ਭਾਈਚਾਰੇ ਅਤੇ ਸੁਸ਼ਾਸਨ ਵਾਲਾ ਪੰਜਾਬ ਸਿਰਜਣ ਦਾ ਸੰਕਲਪ ਦੁਹਰਾਇਆ । ਇਸ ਮੌਕੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਸਾਬਕਾ ਸੂਬਾ ਪ੍ਰਧਾਨ ਸੁਨੀਲ ਜਾਖੜ ਅਤੇ ਸਾਬਕਾ ਮੰਤਰੀਆਂ ਸਮੇਤ ਪਾਰਟੀ ਦੇ ਹੋਰ ਆਗੂ ਵੀ ਮੌਜੂਦ ਸਨ.

---------------------------------------------------------

ਅੱਜ ਦੁਨੀਆ ਭਰ 'ਚ ਆਮ ਲੋਕਾਂ ਨੂੰ ਸਾਇਕਲਿੰਗ ਪ੍ਰਤੀ ਜਾਗਰੂਕ ਕਰਨ ਲਈ, ਵਿਸ਼ਵ ਸਾਇਕਲਿੰਗ ਦਿਵਸ  ਮਨਾਇਆ ਜਾ ਰਿਹਾ ਏ। ਸਾਇਕਲਿੰਗ ਕਲੱਬ ਇਸ ਦਿਨ ਨੂੰ ਆਪਣੇ ਤੌਰ 'ਤੇ ਸਾਇਕਲਿੰਗ EVENTS ਕਰਵਾ ਕੇ ਵੱਡੇ ਪੱਧਰ ਤੇ ਮਨਾਉਂਦੇ ਨੇ। ਅੰਤਰਰਾਸ਼ਟਰੀ ਸਾਇਕਲਿਸਟ STATE ਅਵਾਰਡੀ ਬਲਰਾਜ ਸਿੰਘ ਚੌਹਾਨ ਦੀ

ਅਗਵਾਈ 'ਚ ਅੱਜ ਹੁਸ਼ਿਆਰਪੁਰ 'ਚ ਇੱਕ ਸਾਇਕਲ ਰੈਲੀ ਕੱਢੀ ਗਈ। ਸਾਇਕਲ ਚਲਾਓ ਰੋਗ ਭਜਾਓ, ਸਾਇਕਲ ਚਲਾਓ ਪ੍ਰਦੂਸ਼ਣ ਬਚਾਓ ਦਾ ਸੰਦੇਸ਼ ਦਿੰਦਿਆਂ, ਇਹ ਰੈਲੀ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ 'ਚੋ ਲੰਘੀ। ਇਸ ਮੌਕੇ ਸਾਇਕਲਿਸਟ ਬਲਰਾਜ ਸਿੰਘ ਚੌਹਾਨ ਨੇ ਕਿਹਾ ਕਿ, ਅਜੋਕੇ ਸਮੇਂ ਵਿੱਚ ਭੱਜ ਨੱਠ ਦੀ ਜਿੰਦਗੀ ਕਾਰਨ ਅਸੀਂ ਆਪਣੀ ਸਿਹਤ ਪ੍ਰਤੀ ਲਾਪਰਵਾਹ ਹੋ ਗਏ ਹਾਂ ਅਤੇ ਮਸ਼ੀਨਰੀ 'ਤੇ ਹੀ ਨਿਰਭਰ ਹੋ ਕੇ ਰਹਿ ਗਏ ਹਾਂ। ਉਨ੍ਹਾਂ ਨੇ ਸਾਰਿਆਂ ਨੂੰ ਸਮਾਂ ਕੱਢ ਕੇ, ਹਰ ਰੋਜ਼ ਸਾਈਕਲ ਚਲਾਉਣ ਲਈ ਪ੍ਰੇਰਿਤ ਕੀਤਾ।

BYTE

------------------------------------------------------------

ਭਾਰਤੀ ਰੇਲਵੇ ਦੇ ਫਿਰੋਜ਼ਪੁਰ ਡਿਵੀਜ਼ਨ ਨੇ ਕਸ਼ਮੀਰ ਦੇ ਮਸ਼ਹੂਰ ਸੁਆਦਲੇ ਚੈਰੀ ਨੂੰ ਅੰਮ੍ਰਿਤਸਰ ਤੋਂ ਹਾਈ-ਸਪੀਡ ਰੇਲ ਰਾਹੀਂ ਮਹਾਰਾਸ਼ਟਰ ਅਤੇ ਗੁਜਰਾਤ ਸਮੇਤ ਦੇਸ਼ ਦੇ ਪ੍ਰਮੁੱਖ ਬਾਜ਼ਾਰਾਂ ਵਿੱਚ ਪਹੁੰਚਾਉਣਾ ਸ਼ੁਰੂ ਕਰ ਦਿੱਤਾ ਏ । ਇਸ ਸੇਵਾ ਨੇ ਨਾ ਸਿਰਫ਼ ਕਸ਼ਮੀਰ ਦੇ ਚੈਰੀ ਉਤਪਾਦਕਾਂ ਨੂੰ ਰਾਹਤ ਦਿੱਤੀ ਏ, ਸਗੋਂ ਇਹ ਫਲ ਪ੍ਰੇਮੀਆਂ ਨੂੰ ਕਸ਼ਮੀਰ ਵਾਦੀ ਦੇ ਰਸਦਾਰ ਚੈਰੀ ਦਾ ਸੁਆਦ ਲੈਣ ਵਿੱਚ ਵੀ ਮਦਦ ਕਰ ਰਹੀ ਏ. ਇਸਦੀ ਗੁਣਵੱਤਾ ਅਤੇ ਤਾਜ਼ਗੀ ਬਣਾਈ ਰੱਖਣ ਲਈ, ਫਿਰੋਜ਼ਪੁਰ ਡਿਵੀਜ਼ਨ ਨੇ ਛੇਤੀ ਖਰਾਬ ਹੋਣ ਵਾਲੇ ਇਸ ਫਲ ਲਈ ਢੋਆ

– ਢੁਆਈ ਪ੍ਰਬੰਧ ਯਕੀਨੀ ਬਣਾਏ ਨੇ. ਅੰਮ੍ਰਿਤਸਰ ਤੋਂ ਇਹ ਫਲ ਰੇਲਵੇ ਦੀਆਂ ਵਿਸ਼ੇਸ਼ ਪਾਰਸਲ ਵੈਨਾਂ ਰਾਹੀਂ ਲਗਭਗ 29 ਘੰਟਿਆਂ ਵਿੱਚ ਗੁਜਰਾਤ ਦੇ ਵਡੋਦਰਾ ਅਤੇ ਸੂਰਤ ਅਤੇ 31 ਘੰਟਿਆਂ ਵਿੱਚ ਮੁੰਬਈ ਦੇ ਬਾਂਦਰਾ ਪਹੁੰਚਦਾ ਏ । ਫਿਰੋਜ਼ਪੁਰ ਸਥਿਤ ਸੀਨੀਅਰ ਡਿਵੀਜ਼ਨਲ ਕਮਰਸ਼ੀਅਲ ਮੈਨੇਜਰ (ਮਾਲ ਸੇਵਾਵਾਂ), ਪਰਮਦੀਪ ਸਿੰਘ ਸੈਣੀ ਨੇ ਆਕਾਸ਼ਵਾਣੀ ਨੂੰ ਦੱਸਿਆ ਕਿ ਮਈ ਦੇ ਅਖੀਰ ਵਿੱਚ, ਕਰੀਬ 13 ਟਨ ਪ੍ਰੀਮੀਅਮ-ਗੁਣਵੱਤਾ ਵਾਲੀਆਂ ਚੈਰੀਆਂ ਦੋਵਾਂ ਰਾਜਾਂ ਦੇ ਪ੍ਰਮੁੱਖ ਬਾਜ਼ਾਰਾਂ ਵਿੱਚ ਭੇਜੀਆਂ ਗਈਆਂ. ਉਨ੍ਹਾਂ ਕਿਹਾ ਕਿ ਕਸ਼ਮੀਰ ਤੋਂ ਖੇਪਾਂ ਮਈ ਦੇ ਅਖੀਰ ਤੋਂ ਜੁਲਾਈ ਦੇ ਮੱਧ ਵਿਚਕਾਰ ਹੋਰ ਡਿਲੀਵਰੀ ਲਈ ਆਉਂਦੀਆਂ ਨੇ. ਇਹ ਆਵਾਜਾਈ ਜੰਮੂ-ਕਸ਼ਮੀਰ ਦੇ ਚੈਰੀ ਉਤਪਾਦਕਾਂ ਨੂੰ ਉਨ੍ਹਾਂ ਦੇ ਉਤਪਾਦਾਂ ਦੇ ਵਧੀਆ ਭਾਅ ਪ੍ਰਾਪਤ ਕਰਨ ਵਿੱਚ ਮਦਦਗਾਰ ਸਾਬਤ ਹੋ ਰਹੀ ਏ ।

---

- ਪੰਜਾਬ ‘ਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ ਤਹਿਤ ਵੋਟਰਾਂ ਦੀ ਪ੍ਰੀ-ਮੈਪਿੰਗ ਲਈ, 7 ਜੂਨ ਨੂੰ ਰਾਜ ਭਰ ਦੇ ਸਾਰੇ ਵੋਟ ਕੇਂਦਰਾਂ 'ਤੇ ਵਿਸ਼ੇਸ਼ ਕੈਂਪ ਲਾਏ ਜਾਣਗੇ।

- ਪੰਜਾਬ ਸਰਕਾਰ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ 17 ਹੋਰ ਮੈਡੀਕਲ ਪ੍ਰਕਿਰਿਆਵਾਂ ਨੂੰ ਮਨਜ਼ੂਰੀ ਦੇ ਦਿੱਤੀ ਏ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਤਸਕਰੀ ਕਰਨ ਵਾਲੇ ਨੈੱਟਵਰਕ ਨਾਲ ਜੁੜੇ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਤੇ ਵੱਡੀ ਗਿਣਤੀ ਵਿੱਚ, ਗੋਲੀ ਸਿੱਕਾ ਬਰਾਮਦ ਕੀਤਾ ਏ.

- ਗੁਰਦਾਸਪੁਰ, ਦੀਨਾਨਗਰ ਤੇ ਕਾਦੀਆਂ ਨਗਰ ਕੌਂਸਲ ਦੀਆਂ ਚੋਣਾਂ ਲਈ ਨਾਮਜ਼ਦਗੀਆਂ ਦਾਖਲ ਕਰਨ ਦਾ ਅਮਲ ਅੱਜ ਖਤਮ ਹੋ ਗਿਆ ਏ.

- ਪੰਜਾਬ ਭਾਜਪਾ ਦੇ ਨੇਤਾ ਕੇਵਲ ਸਿੰਘ ਢਿੱਲੋਂ ਨੇ ਅੱਜ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਧਾਨ ਵਜੋਂ ਕਾਰਜਭਾਰ ਸੰਭਾਲ ਲਿਆ ਏ.

- ਅੱਜ ਦੁਨੀਆ ਭਰ 'ਚ ਆਮ ਲੋਕਾਂ ਨੂੰ ਸਾਇਕਲਿੰਗ ਪ੍ਰਤੀ ਜਾਗਰੂਕ ਕਰਨ ਲਈ, ਵਿਸ਼ਵ ਸਾਇਕਲਿੰਗ ਦਿਵਸ  ਮਨਾਇਆ ਜਾ ਰਿਹਾ ਏ।

-------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,  ਖਬਰਾਂ ਦਾ ਅਗਲਾ   ਬੁਲੇਟਿਨ ਤੁਸੀਂ ਸੁਣੋਗੇ ਸ਼ਾਮੀ 7 ਵਜੇ  ਨਮਸਕਾਰ**   !